**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**18:20**

**ਮਿਤੀ : 06-11-2025**

- ਇਤਿਹਾਸਕ ਵਿਸ਼ਵ ਕੱਪ ਜਿੱਤ ਤੋਂ ਬਾਅਦ ਭਾਰਤ ਦੀ ਔਰਤਾਂ ਦੀ ਕ੍ਰਿਕੇਟ ਟੀਮ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੂੰ ਮਿਲੀ. ਰਾਸ਼ਟਰਪਤੀ ਨੇ ਟੀਮ ਨੂੰ ਨੌਜਵਾਨ ਪੀੜ੍ਹੀ ਲਈ ਆਦਰਸ਼ ਕਰਾਰ ਦਿੱਤਾ.
- ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਬੇਮੌਸਮੀ ਬਰਸਾਤ ਅਤੇ ਗੜਿਆਂ ਨਾਲ ਹੋਏ ਫ਼ਸਲਾਂ ਦੇ ਨੁਕਸਾਨ ਸਬੰਧੀ ਜਾਇਜ਼ਾ ਲਿਆ।
- ਪੰਜਾਬ ਸਰਕਾਰ 8 ਨਵੰਬਰ ਨੂੰ ਗੁਰਦਾਸਪੁਰ, ਫਰੀਦਕੋਟ, ਫਾਜ਼ਿਲਕਾ ਅਤੇ ਹੁਸ਼ਿਆਰਪੁਰ ਜ਼ਿਲ੍ਹਿਆਂ ਵਿੱਚ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਲਾਈਟ ਐਂਡ ਸਾਊਂਡ ਸ਼ੋਅ ਦਾ ਦੂਜਾ ਗੇੜ੍ਹ ਕਰਾ ਰਹੀ ਏ.

- ਪੰਜਾਬ ਟੈਲੀਕਾਮ ਸਰਕਲ, ਚੰਡੀਗੜ੍ਹ ਦੇ ਸੀਸੀਏ ਦਫ਼ਤਰ ਵੱਲੋਂ ਬੱਚਤ ਭਵਨ, ਲੁਧਿਆਣਾ ਵਿਖੇ ਲਾਈਫ਼ ਸਰਟੀਫ਼ਿਕੇਟ ਕੈਂਪ ਲਾਇਆ ਗਿਆ।
- ਕ੍ਰਿਕੇਟ ਵਿੱਚ, ਭਾਰਤ ਨੇ ਅੱਜ ਸ਼ਾਮ ਕੁਈਨਜ਼ਲੈਂਡ ਦੇ ਕਰਾਰਾ ਓਵਲ ਵਿਖੇ ਚੌਥੇ twenty - 20 ਅੰਤਰਰਾਸ਼ਟਰੀ ਮੈਚ ਵਿੱਚ ਆਸਟ੍ਰੇਲੀਆ ਉੱਤੇ 48 ਦੌੜਾਂ ਦੀ ਸ਼ਾਨਦਾਰ ਜਿੱਤ ਦਰਜ ਕੀਤੀ।

---------------------------------------------------------------

ਔਰਤਾਂ ਦੇ ICC ਕ੍ਰਿਕੇਟ ਵਿਸ਼ਵ ਕੱਪ 2025 ਦੀ ਜੇਤੂ ਭਾਰਤੀ ਟੀਮ ਦੇ ਮੈਂਬਰਾਂ ਨੇ ਅੱਜ ਨਵੀਂ ਦਿੱਲੀ ਦੇ ਰਾਸ਼ਟਰਪਤੀ ਭਵਨ ਵਿਖੇ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨਾਲ ਮੁਲਾਕਾਤ ਕੀਤੀ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਰਾਸ਼ਟਰਪਤੀ ਮੁਰਮੂ ਨੇ ਟੀਮ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਉਨ੍ਹਾਂ ਨੇ ਇਤਿਹਾਸ ਰਚਿਆ ਏ ਅਤੇ ਨੌਜਵਾਨ ਪੀੜ੍ਹੀ ਲਈ ਆਦਰਸ਼ ਬਣ ਗਈਆਂ ਨੇ. ਰਾਸ਼ਟਰਪਤੀ ਨੇ ਕਿਹਾ ਕਿ ਭਾਰਤ ਦੀ ਔਰਤਾਂ ਦੀ ਟੀਮ ਵਖ – ਵਖ ਖੇਤਰਾਂ, ਸਮਾਜਿਕ ਪਿਛੋਕੜਾਂ ਅਤੇ ਹਾਲਾਤ ਦੀ ਨੁਮਾਇੰਦਗੀ ਕਰਦੀ ਏ ਅਤੇ ਇੱਕ ਟੀਮ ਦੇ ਰੂਪ ਵਿੱਚ, ਭਾਰਤ ਦੀ ਭਿੰਨਤਾ ਨੂੰ ਦਰਸਾਉਂਦੀ ਏ । ਉਨ੍ਹਾਂ ਕਿਹਾ ਕਿ ਸੱਤ ਵਾਰ ਦੀ ਵਿਸ਼ਵ ਚੈਂਪੀਅਨ ਅਤੇ ਅਜੇਤੂ ਆਸਟ੍ਰੇਲੀਆਈ ਟੀਮ 'ਤੇ ਭਾਰਤੀ ਟੀਮ

ਦੀ ਜਿੱਤ ਨੇ ਸਾਰੇ ਭਾਰਤੀਆਂ ਦੇ ਟੀਮ ਦੀਆਂ ਯੋਗਤਾਵਾਂ ਵਿੱਚ ਵਿਸ਼ਵਾਸ ਨੂੰ ਮਜ਼ਬੂਤ ਕੀਤਾ ਏ    ਰਾਸ਼ਟਰਪਤੀ ਨੇ ਕਿਹਾ ਕਿ ਫਾਈਨਲ ਵਿੱਚ ਇੱਕ ਮਜ਼ਬੂਤ ਟੀਮ ਨੂੰ ਵੱਡੇ ਫਰਕ ਨਾਲ ਹਰਾਉਣਾ ਭਾਰਤੀ ਟੀਮ ਦੀ ਉੱਤਮਤਾ ਦੀ ਇੱਕ ਯਾਦਗਾਰੀ ਮਿਸਾਲ ਏ. ਰਾਸ਼ਟਰਪਤੀ ਮੁਰਮੂ ਨੇ ਕਿਹਾ ਕਿ ਭਾਰਤੀ ਟੀਮ, ਨੌਜਵਾਨ ਪੀੜ੍ਹੀ, ਖਾਸ ਕਰਕੇ ਕੁੜੀਆਂ ਨੂੰ ਜ਼ਿੰਦਗੀ ਵਿੱਚ ਅੱਗੇ ਵਧਣ ਲਈ ਪ੍ਰੇਰਿਤ ਕਰੇਗੀ.  ਉਨ੍ਹਾਂ ਭਰੋਸਾ ਪ੍ਰਗਟਾਇਆ ਕਿ ਭਾਰਤ ਦੀ ਔਰਤਾਂ ਦੀ ਟੀਮ ਨੇ ਜਿਸ ਹੁਨਰ ਨਾਲ ਇਤਿਹਾਸ ਰਚਿਆ ਏ, ਭਵਿੱਖ ਵਿੱਚ ਵੀ ਭਾਰਤੀ ਕ੍ਰਿਕੇਟ ਦੇ ਸਿਖਰਲੇ ਸਥਾਨ ਨੂੰ ਬਰਕਰਾਰ ਰੱਖੇਗੀ। ਰਾਸ਼ਟਰਪਤੀ ਨੇ ਇਹ ਵੀ ਕਿਹਾ ਕਿ ਭਾਰਤੀ ਟੀਮ ਦੀ ਸਫਲਤਾ, ਖਿਡਾਰੀਆਂ ਦੀ ਸਖ਼ਤ ਮਿਹਨਤ, ਸ਼ਾਨਦਾਰ ਖੇਡ ਭਾਵਨਾ ਅਤੇ ਦ੍ਰਿੜ ਇਰਾਦੇ ਦੇ ਨਾਲ-ਨਾਲ ਉਨ੍ਹਾਂ ਦੇ ਪਰਿਵਾਰਾਂ ਅਤੇ ਕ੍ਰਿਕੇਟ ਪ੍ਰਸ਼ੰਸਕਾਂ ਦੇ ਪਿਆਰ ਅਤੇ ਆਸ਼ੀਰਵਾਦ ਕਾਰਨ ਏ। ਰਾਸ਼ਟਰਪਤੀ ਨੇ ਮੁੱਖ ਕੋਚ, ਬੱਲੇਬਾਜ਼ੀ ਕੋਚ, ਫੀਲਡਿੰਗ ਕੋਚ ਅਤੇ ਸਹਾਇਕ ਅਮਲੇ ਦੀ ਵੀ ਸ਼ਲਾਘਾ ਕੀਤੀ। ਉਨ੍ਹਾਂ ਉਮੀਦ ਪ੍ਰਗਟ ਕੀਤੀ ਕਿ ਇਹ ਸਾਰੇ ਟੀਮ ਇੰਡੀਆ ਦੀ ਕਾਮਯਾਬੀ ਦੇ ਨਵੇਂ ਰਿਕਾਰਡ ਕਾਇਮ ਕਰਨਗੇ।

-----------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ ਨਵੀਂ ਦਿੱਲੀ ਵਿੱਚ ਰਾਸ਼ਟਰੀ ਗੀਤ 'ਵੰਦੇ ਮਾਤਰਮ' ਦੇ 150 ਸਾਲਾਂ ਦੇ ਯਾਦਗਾਰੀ ਸਮਾਰੋਹ ਦਾ ਉਦਘਾਟਨ ਕਰਨਗੇ । ਸੱਭਿਆਚਾਰ ਮੰਤਰਾਲਾ ਰਾਸ਼ਟਰੀ ਗੀਤ ਦੀ 150ਵੀਂ ਵਰ੍ਹੇਗੰਢ ਮਨਾਉਣ ਲਈ ਉਦਘਾਟਨ ਸਮਾਰੋਹ ਕਰਾਏਗਾ. ਇਹ ਸਮਾਗਮ ਰਸਮੀ ਤੌਰ 'ਤੇ ਸਾਲ ਭਰ ਚੱਲਣ ਵਾਲੇ ਦੇਸ਼ ਵਿਆਪੀ ਸਮਾਰੋਹ ਦੀ ਸ਼ੁਰੂਆਤ ਕਰੇਗਾ, ਜੋ ਭਲਕੇ ਤੋਂ ਅਗਲੇ ਸਾਲ 7 ਨਵੰਬਰ ਤੱਕ ਚੱਲੇਗਾ। ਇਹ ਯਾਦਗਾਰ ਇਸ ਸਦੀਵੀ ਰਚਨਾ ਦੇ 150 ਸਾਲਾਂ ਦਾ ਜਸ਼ਨ ਮਨਾਏਗੀ, ਜਿਸਨੇ ਭਾਰਤ ਦੀ ਆਜ਼ਾਦੀ ਦੀ ਲਹਿਰ ਨੂੰ ਪ੍ਰੇਰਿਤ ਕੀਤਾ ਅਤੇ ਰਾਸ਼ਟਰੀ ਮਾਣ ਅਤੇ ਏਕਤਾ ਨੂੰ ਪ੍ਰੇਰਿਤ ਕਰਨਾ ਜਾਰੀ ਰੱਖਿਆ। ਪਿਛਲੇ ਮਹੀਨੇ ਦੀ ਪਹਿਲੀ ਤਰੀਕ ਨੂੰ, ਕੇਂਦਰੀ ਮੰਤਰੀ ਮੰਡਲ ਨੇ ਰਾਸ਼ਟਰੀ ਗੀਤ ਦੀ 150ਵੀਂ ਵਰ੍ਹੇਗੰਢ ਮਨਾਉਣ ਲਈ ਦੇਸ਼ ਵਿਆਪੀ ਜਸ਼ਨਾਂ ਨੂੰ ਮਨਜ਼ੂਰੀ ਦਿੱਤੀ ਸੀ।

----------------------------------------------------

ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਪੰਜਾਬ ਦੇ ਕੈਬਨਿਟ ਮੰਤਰੀ ਸ੍ਰੀ ਗੁਰਮੀਤ ਸਿੰਘ ਖੁੱਡੀਆਂ ਵੱਲੋਂ ਬੀਤੇ ਦਿਨੀਂ ਹੋਈ ਬੇਮੌਸਮੀ ਬਰਸਾਤ ਅਤੇ ਗੜਿਆਂ ਨਾਲ ਹੋਏ ਫ਼ਸਲਾਂ ਦੇ ਨੁਕਸਾਨ ਸਬੰਧੀ ਜਾਇਜ਼ਾ ਲਿਆ। ਇਸ ਮੌਕੇ ਉਨ੍ਹਾਂ ਵੱਲੋਂ ਹਲਕਾ ਲੰਬੀ ਦੇ ਪਿੰਡ ਗੁਰੂਸਰ ਜੋਧਾ, ਛਾਪਿਆਂ

ਵਾਲੀ, ਬੁਰਜ ਸਿੱਧਵਾਂ, ਸ਼ਾਮਖੇੜਾ, ਪੱਕੀ ਟਿੱਬੀ ਅਤੇ ਡੱਬਵਾਲੀ ਢਾਬ ਵਿਖੇ ਜੋ ਫ਼ਸਲਾਂ ਦਾ ਨੁਕਸਾਨ ਹੋਇਆ ਉਸ ਸਬੰਧੀ ਦੌਰਾ ਕਰਕੇ ਜਾਇਜ਼ਾ ਲਿਆ ਗਿਆ। ਕੈਬਨਿਟ ਮੰਤਰੀ ਨੇ ਕਿਹਾ ਕਿ ਬੀਤੀ ਦਿਨੀਂ ਮੀਂਹ ਤੇ ਗੜਿਆਂ ਦੀ ਕੁਦਰਤੀ ਆਫਤ ਨਾਲ ਝੋਨੇ ਦੀ ਫਸਲ ਦਾ ਬਹੁਤ ਜਿਆਦਾ ਨੁਕਸਾਨ ਹੋਇਆ ਏ, ਇਸ ਲਈ ਉਹਨਾਂ ਵੱਲੋਂ SDM ਮਲੋਟ ਸ੍ਰੀ ਜੁਗਰਾਜ ਸਿੰਘ ਕਾਹਲੋਂ ਨਾਲ ਵੱਖ-ਵੱਖ ਪਿੰਡਾਂ ਦਾ ਦੌਰਾ ਕੀਤਾ ਗਿਆ। ਇਸ ਮੌਕੇ ਉਨ੍ਹਾਂ ਉੱਚ ਅਧਿਕਾਰੀਆਂ ਨੂੰ ਦਿਸ਼ਾ ਨਿਰਦੇਸ਼ ਜਾਰੀ ਕਰਦਿਆ ਕਿਹਾ ਕਿ ਕੁਦਰਤੀ ਆਫਤ ਨਾਲ ਹੋਏ ਇਸ ਨੁਕਸਾਨ ਦਾ ਮੁਆਵਜਾ ਜਲਦੀ ਕਿਸਾਨਾਂ ਨੂੰ ਮੁਹੱਈਆ ਕਰਵਾਉਣ ਲਈ ਸਬੰਧਤ ਪਟਵਾਰੀਆਂ ਨੂੰ ਹਦਾਇਤ ਕਰਕੇ ਹੋਏ ਖਰਾਬੇ ਦੀ ਗਿਰਦਾਰੀ ਜਲਦੀ ਕਰਵਾਈ ਜਾਵੇ, ਤਾਂ ਜੋ ਕਿਸਾਨਾਂ ਦੇ ਫਸਲੀ ਨੁਕਸਾਨ ਦਾ ਮੁਆਵਜਾ ਬਣਾਉਣ ਵਿੱਚ ਦੇਰੀ ਨਾ ਹੋਵੇ। ਇਸ ਮੌਕੇ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਨੂੰ ਹਰ ਤਰ੍ਹਾਂ ਦੀਆਂ ਸਹੂਲਤਾਂ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ ਅਤੇ ਸਰਕਾਰ ਵੱਲੋਂ ਪਹਿਲਾਂ ਵੀ ਬਾਰਿਸ਼ਾਂ ਤੇ ਹੜ੍ਹਾਂ ਕਾਰਨ ਹੋਏ ਨੁਕਸਾਨ ਦੇ ਮੁਆਵਜੇ ਲਗਾਤਾਰ ਲਾਭਪਾਤਰੀਆਂ ਨੂੰ ਮੁਹੱਈਆ ਕਰਵਾਏ ਜਾ ਰਹੇ ਨੇ. ਇਸ ਮੌਕੇ ਨਾਇਬ ਤਹਿਸੀਲਦਾਰ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਸਬੰਧਤ ਪਿੰਡਾਂ ਦੇ ਪੰਚ, ਸਰਪੰਚ ਤੇ ਪਿੰਡ ਵਾਸੀ ਹਾਜ਼ਰ ਸਨ।

---------------------------------------------------

ਪੰਜਾਬ ਦੇ ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲਿਆਂ ਬਾਰੇ ਮੰਤਰੀ ਤਰੁਣਪ੍ਰੀਤ ਸਿੰਘ ਸੌਂਦ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ, ਪੰਜਾਬ ਸਰਕਾਰ 8 ਨਵੰਬਰ ਨੂੰ ਗੁਰਦਾਸਪੁਰ, ਫਰੀਦਕੋਟ, ਫਾਜ਼ਿਲਕਾ ਅਤੇ ਹੁਸ਼ਿਆਰਪੁਰ ਜ਼ਿਲ੍ਹਿਆਂ ਵਿੱਚ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਲਾਈਟ ਐਂਡ ਸਾਊਂਡ ਸ਼ੋਅ ਦਾ ਦੂਜਾ ਗੇੜ੍ਹ ਕਰਾ ਰਹੀ ਏ. ਉਨ੍ਹਾਂ ਕਿਹਾ ਕਿ ਪੰਜਾਬ ਵਿਧਾਨ ਸਭਾ ਦੇ ਸਪੀਕਰ ਤੇ ਡਿਪਟੀ ਸਪੀਕਰ ਦੇ ਨਾਲ-ਨਾਲ ਵੱਖ-ਵੱਖ ਕੈਬਨਿਟ ਮੰਤਰੀ ਸ਼ਰਧਾਲੂਆਂ ਦੇ ਨਾਲ ਇਨ੍ਹਾਂ ਸਮਾਗਮਾਂ ਵਿੱਚ ਹਿੱਸਾ ਲੈਣਗੇ। ਸ੍ਰੀ ਸੌਂਦ ਨੇ ਕਿਹਾ ਕਿ ਫਾਜ਼ਿਲਕਾ ਵਿੱਚ ਲਾਈਟ ਐਂਡ ਸਾਊਂਡ ਸ਼ੋਅ ਸ਼ਹੀਦ ਭਗਤ ਸਿੰਘ ਸਪੋਰਟਸ ਸਟੇਡੀਅਮ ਵਿੱਚ ਹੋਵੇਗਾ, ਜਿੱਥੇ ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਹਿੱਸਾ ਲੈਣਗੇ। ਹੁਸ਼ਿਆਰਪੁਰ ਵਿੱਚ, ਸ਼ੋਅ ਮਲਟੀਪਰਪਜ਼ ਆਊਟਡੋਰ ਸਟੇਡੀਅਮ, ਲਾਜਵੰਤੀ ਵਿਖੇ ਕਰਾਇਆ ਜਾਵੇਗਾ ਅਤੇ ਇਸ ਵਿੱਚ ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੋੜੀ, ਸਥਾਨਕ ਸਰਕਾਰਾਂ ਅਤੇ ਸੰਸਦੀ ਮਾਮਲਿਆਂ ਬਾਰੇ ਮੰਤਰੀ ਡਾ. ਰਵਜੋਤ ਸਿੰਘ ਅਤੇ ਸੰਸਦ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਸ਼ਾਮਲ ਹੋਣਗੇ ।

ਮੰਤਰੀ ਨੇ ਅੱਗੇ ਕਿਹਾ ਕਿ ਇਹ ਲਾਈਟ ਐਂਡ ਸਾਊਂਡ ਸ਼ੋਅ ਧਰਮ ਅਤੇ ਮਨੁੱਖੀ ਕਦਰਾਂ-ਕੀਮਤਾਂ ਦੀ ਰਾਖੀ ਲਈ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਜੀਵਨ, ਦਰਸ਼ਨ ਅਤੇ ਕੁਰਬਾਨੀ ਨੂੰ ਦਰਸਾਉਣ ਲਈ ਆਧੁਨਿਕ ਲੇਜ਼ਰ ਲਾਈਟਾਂ ਅਤੇ 3D ਪ੍ਰੋਜੈਕਸ਼ਨ ਤਕਨਾਲੋਜੀ ਦੀ ਵਰਤੋਂ ਕਰਦੇ ਨੇ. ਇਸਦਾ ਉਦੇਸ਼ ਮੌਜੂਦਾ ਪੀੜ੍ਹੀ ਨੂੰ ਗੁਰੂ ਸਾਹਿਬ ਵਲੋਂ ਦਰਸਾਏ ਗਏ ਨੇਕ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕਰਨਾ ਏ। ਉਨ੍ਹਾਂ ਅੱਗੇ ਕਿਹਾ ਕਿ ਪਹਿਲਾਂ 4 ਨਵੰਬਰ ਨੂੰ ਪਟਿਆਲਾ, ਜਲੰਧਰ, ਫਤਿਹਗੜ੍ਹ ਸਾਹਿਬ ਅਤੇ ਪਠਾਨਕੋਟ ਵਿੱਚ ਕਰਾਏ ਗਏ ਸ਼ੋਅ ਇੱਕ ਸ਼ਾਨਦਾਰ ਸਫਲਤਾ ਸਨ ਅਤੇ ਸ਼ਰਧਾਲੂਆਂ ਅਤੇ ਆਮ ਲੋਕਾਂ ਤੋਂ ਸ਼ਲਾਘਾ ਪ੍ਰਾਪਤ ਹੋਈ ਸੀ। ਸ਼੍ਰੀ ਸੌਂਦ ਨੇ ਲੋਕਾਂ ਨੂੰ 8 ਨਵੰਬਰ ਨੂੰ ਆਪਣੇ ਪਰਿਵਾਰਾਂ ਸਮੇਤ ਆਉਣ ਵਾਲੇ ਸ਼ੋਅ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ। ਫਰੀਦਕੋਟ ਵਿੱਚ ਸ਼ੋਅ ਨਹਿਰੂ ਸਟੇਡੀਅਮ ਵਿੱਚ ਹੋਏਗਾ, ਜਿੱਥੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਇਸ ਮੌਕੇ ਦੀ ਸ਼ੋਭਾ ਵਧਾਉਣਗੇ। ਇਸੇ ਤਰ੍ਹਾਂ, ਗੁਰਦਾਸਪੁਰ ਜ਼ਿਲ੍ਹੇ ਵਿੱਚ, ਲਾਈਟ ਐਂਡ ਸਾਊਂਡ ਸ਼ੋਅ ,IT। ਬਟਾਲਾ ਵਿਖੇ ਹੋਵੇਗਾ, ਜਿੱਥੇ ਖੁਰਾਕ ਅਤੇ ਸਿਵਲ ਸਪਲਾਈ ਮੰਤਰੀ ਲਾਲ ਚੰਦ ਕਟਾਰੂਚੱਕ ਮੌਜੂਦ ਰਹਿਣਗੇ. ਗੁਰਦਾਸਪੁਰ ਦੇ DC ਸ਼੍ਰੀ ADITYA UPPAL ਨੇ ਸਾਰਿਆਂ ਨੂੰ ਇਸ ਮੌਕੇ ਲਾਈਟ ਐਂਡ ਸਾਊਂਡ ਸ਼ੋਅ ਦੇਖਣ ਲਈ ਸੱਦਾ ਦਿੱਤਾ –byte

ਇਹ ਜ਼ਿਕਰਯੋਗ ਏ ਕਿ ਅਗਲੇ ਗੇੜ੍ਹ ਵਿੱਚ, ਪੰਜਾਬ ਸਰਕਾਰ 11, 14, 17 ਅਤੇ 20 ਨਵੰਬਰ ਨੂੰ ਰਾਜ ਦੇ ਬਾਕੀ ਜ਼ਿਲ੍ਹਿਆਂ ਵਿੱਚ ਇਹ ਲਾਈਟ ਐਂਡ ਸਾਊਂਡ ਸ਼ੋਅ ਕਰਾਏਗੀ.

-------------------------------------------------------

ਭਾਰਤ ਸਰਕਾਰ ਦੇ ਸੰਚਾਰ ਮੰਤਰਾਲੇ, ਦੂਰਸੰਚਾਰ ਵਿਭਾਗ ਤਹਿਤ ਪੰਜਾਬ ਟੈਲੀਕਾਮ ਸਰਕਲ, ਚੰਡੀਗੜ੍ਹ ਦੇ ਕੰਟਰੋਲਰ ਆਫ਼ ਕਮਿਊਨੀਕੇਸ਼ਨ ਅਕਾਊਂਟਸ (ਸੀਸੀਏ) ਦੇ ਦਫ਼ਤਰ ਵੱਲੋਂ ਬੱਚਤ ਭਵਨ, ਲੁਧਿਆਣਾ ਵਿਖੇ ਇੱਕ ਲਾਈਫ਼ ਸਰਟੀਫ਼ਿਕੇਟ ਕੈਂਪ ਲਾਇਆ ਗਿਆ। “ਰਾਸ਼ਟਰ-ਵਿਆਪੀ ਡਿਜੀਟਲ ਲਾਈਫ਼ ਸਰਟੀਫਿਕੇਟ ਮੁਹਿੰਮ ਦੇ ਚੌਥੇ ਗੇੜ੍ਹ ਤਹਿਤ ਪੈਨਸ਼ਨਰਾਂ ਦੀ ਭਲਾਈ ਅਤੇ ਸਹੂਲਤ ਲਈ 30 ਨਵੰਬਰ ਤੱਕ ਇਹ ਕੈਂਪ ਲਾਏ ਜਾਣੇ ਨੇ. ਇਨ੍ਹਾਂ ਕੈਂਪਾਂ ਦਾ ਉਦੇਸ਼ ਪੈਨਸ਼ਨਰਾਂ ਵਿੱਚ ਲਾਈਫ਼ ਸਰਟੀਫਿਕੇਟ ਅੱਪਡੇਟ ਨੂੰ ਸੁਖਾਲਾ ਬਣਾਉਣਾ, ਸਿਹਤ ਜਾਗਰੂਕਤਾ ਨੂੰ ਉਤਸ਼ਾਹਿਤ ਕਰਨਾ ਅਤੇ ਸਾਈਬਰ ਸੁਰੱਖਿਆ ਅਤੇ ਬੈਂਕਿੰਗ ਨਾਲ ਸਬੰਧਤ ਮੁੱਦਿਆਂ ਸਬੰਧੀ ਜਾਣਕਾਰੀ ਵਧਾਉਣਾ ਏ । ਕੈਂਪ ਦਾ ਉਦਘਾਟਨ ਅਤੇ ਪ੍ਰਧਾਨਗੀ ਸ਼੍ਰੀ ਵੀ.ਐੱਨ. ਟੰਡਨ, ਕੰਟਰੋਲਰ ਆਫ਼ ਕਮਿਊਨੀਕੇਸ਼ਨ ਅਕਾਊਂਟਸ (ਸੀ.ਸੀ.ਏ.), ਪੰਜਾਬ ਨੇ ਕੀਤੀ। ਉਦਘਾਟਨੀ ਭਾਸ਼ਣ ਵਿੱਚ ਸ਼੍ਰੀ ਵੀ.ਐਨ. ਟੰਡਨ ਨੇ ਪੈਨਸ਼ਨਰਾਂ ਨੂੰ ਭਰੋਸਾ

ਦਿੱਤਾ ਕਿ ਅਜਿਹੇ ਆਊਟਰੀਚ ਅਤੇ ਸੇਵਾ ਕੈਂਪ ਨਿਯਮਤ ਤੌਰ 'ਤੇ ਲਾਏ ਜਾਣਗੇ ਤਾਂ ਜੋ ਪੈਨਸ਼ਨਰਾਂ ਦੇ ਦਰਵਾਜ਼ੇ 'ਤੇ ਵਿਭਾਗੀ ਸੇਵਾਵਾਂ ਦੀ ਉਪਲਬਧਤਾ ਨੂੰ ਯਕੀਨੀ ਬਣਾਇਆ ਜਾ ਸਕੇ, ਜਿਸ ਨਾਲ ਉਨ੍ਹਾਂ ਦੀ ਸੌਖ, ਆਰਾਮ ਅਤੇ ਭਲਾਈ ਵਿੱਚ ਵਾਧਾ ਹੋਵੇਗਾ।

----------------------------------------------------------

ਕ੍ਰਿਕੇਟ ਵਿੱਚ, ਭਾਰਤ ਨੇ ਅੱਜ ਸ਼ਾਮ ਕੁਈਨਜ਼ਲੈਂਡ ਦੇ ਕਰਾਰਾ ਓਵਲ ਵਿਖੇ ਚੌਥੇ twenty - 20 ਅੰਤਰਰਾਸ਼ਟਰੀ ਮੈਚ ਵਿੱਚ ਆਸਟ੍ਰੇਲੀਆ ਉੱਤੇ 48 ਦੌੜਾਂ ਦੀ ਸ਼ਾਨਦਾਰ ਜਿੱਤ ਦਰਜ ਕੀਤੀ। ਇਸ ਜਿੱਤ ਦੇ ਨਾਲ, ਭਾਰਤੀ ਟੀਮ ਨੇ ਲੜੀ ਵਿੱਚ 2-1 ਦੀ ਲੀਡ ਲੈ ਲਈ ਏ. 168 ਦੌੜਾਂ ਦੇ ਟੀਚੇ ਦਾ ਪਿੱਛਾ ਕਰਦੇ ਹੋਏ, ਆਸਟ੍ਰੇਲੀਆ ਦੀ ਟੀਮ 18.2 ਓਵਰਾਂ ਵਿੱਚ 119 ਦੌੜਾਂ 'ਤੇ ਢੇਰ ਹੋ ਗਈ. ਅਕਸ਼ਰ ਪਟੇਲ ਨੂੰ ਓਹਨਾਂ ਦੀ ਆਲਰਾਉਂਡ ਕਾਰਗੁਜ਼ਾਰੀ ਲਈ Player of the Match ਚੁਣਿਆ ਗਿਆ, ਜਿਸਨੇ 11 ਗੇਂਦਾਂ 'ਤੇ 21 ਦੌੜਾਂ ਬਣਾਈਆਂ ਅਤੇ ਗੇਂਦਬਾਜ਼ੀ ਕਰਦਿਆਂ ਦੋ ਵਿਕਟਾਂ ਲਈਆਂ। <><>

----------------------------------------------------------

ਹਾਕੀ ਇੰਡੀਆ ਨੇ ਭਾਰਤੀ ਹਾਕੀ ਦੇ 100 ਸਾਲਾਂ ਦੇ ਗੌਰਵਮਈ ਵਿਰਸੇ ਨੂੰ ਸਮਰਪਿਤ ਭਲਕੇ 7 ਨਵੰਬਰ ਨੂੰ ਦੇਸ਼ ਦੇ 550 ਤੋਂ ਵੱਧ ਜ਼ਿਲ੍ਹਿਆਂ

ਵਿੱਚ ਵਿਸ਼ਾਲ ਉਤਸਵ ਮਨਾਉਣ ਦਾ ਐਲਾਨ ਕੀਤਾ ਏ । ਇਹ ਇਤਿਹਾਸਕ ਦਿਨ 7 ਨਵੰਬਰ 1925 ਨੂੰ ਹੋਏ ਹਾਕੀ ਇੰਡੀਆ ਦੇ ਸਥਾਪਨਾ ਦਿਵਸ ਨੂੰ ਦਰਸਾਉਂਦਾ ਏ, ਜਿਸ ਨੇ ਭਾਰਤ ਨੂੰ 8 ਓਲੰਪਿਕ ਦੇ ਸੋਨੇ ਦੇ ਤਮਗੇ ਅਤੇ ਵਿਸ਼ਵ ਪੱਧਰੀ ਜਾਦੂਗਰਾਂ ਵਰਗੇ ਖਿਡਾਰੀਆਂ ਦਿੱਤੇ ਨੇ. ਸੁਰਜੀਤ ਹਾਕੀ ਸੁਸਾਈਟੀ ਦੇ ਵਰਕਿੰਗ ਪ੍ਰਧਾਨ ਸ਼੍ਰੀ L R ਨਈਅਰ ਮੁਤਾਬਿਕ ਇਸ ਮੌਕੇ 'ਤੇ ਸੁਰਜੀਤ ਹਾਕੀ ਅਕੈਡਮੀ, ਜਲੰਧਰ ਵੱਲੋਂ ਭਲਕੇ 7 ਨਵੰਬਰ  ਨੂੰ ਦੋ ਮੈਚ ਕਰਾਏ ਜਾ ਰਹੇ ਨੇ. ਸੁਰਜੀਤ ਹਾਕੀ ਸਟੇਡੀਅਮ, ਬਰਲਟਨ ਪਾਰਕ, ਜਲੰਧਰ ਵਿੱਚ ਸਵੇਰੇ 8:00 ਵਜੇ ਤੋਂ ਸ਼ੁਰੂ ਹੋਣ ਵਾਲੇ ਇਹ ਮੈਚ ਕ੍ਰਮਵਾਰ ਪੀ.ਆਈ.ਐੱਸ-XI ਅਤੇ  ਜਲੰਧਰ-XI ਤੇ ਸੁਰਜੀਤ-XI ਅਤੇ  ਐਲਫਾ-XI ਦਰਮਿਆਨ ਖੇਡੇ ਜਾਣਗੇ ।

---

- ਇਤਿਹਾਸਕ ਵਿਸ਼ਵ ਕੱਪ ਜਿੱਤ ਤੋਂ ਬਾਅਦ ਭਾਰਤ ਦੀ ਔਰਤਾਂ ਦੀ ਕ੍ਰਿਕੇਟ ਟੀਮ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੂੰ ਮਿਲੀ. ਰਾਸ਼ਟਰਪਤੀ ਨੇ ਟੀਮ ਨੂੰ ਨੌਜਵਾਨ ਪੀੜ੍ਹੀ ਲਈ ਆਦਰਸ਼ ਕਰਾਰ ਦਿੱਤਾ.

- ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ  ਗੁਰਮੀਤ ਸਿੰਘ ਖੁੱਡੀਆਂ ਨੇ ਬੇਮੌਸਮੀ ਬਰਸਾਤ ਅਤੇ ਗੜਿਆਂ ਨਾਲ ਹੋਏ ਫ਼ਸਲਾਂ ਦੇ ਨੁਕਸਾਨ ਸਬੰਧੀ ਜਾਇਜ਼ਾ ਲਿਆ।
- ਪੰਜਾਬ ਸਰਕਾਰ 8 ਨਵੰਬਰ ਨੂੰ ਗੁਰਦਾਸਪੁਰ, ਫਰੀਦਕੋਟ, ਫਾਜ਼ਿਲਕਾ ਅਤੇ ਹੁਸ਼ਿਆਰਪੁਰ ਜ਼ਿਲ੍ਹਿਆਂ ਵਿੱਚ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਲਾਈਟ ਐਂਡ ਸਾਊਂਡ ਸ਼ੋਅ ਦਾ ਦੂਜਾ ਗੇੜ੍ਹ ਕਰਾ ਰਹੀ ਏ.
- ਪੰਜਾਬ ਟੈਲੀਕਾਮ ਸਰਕਲ, ਚੰਡੀਗੜ੍ਹ ਦੇ ਸੀਸੀਏ ਦਫ਼ਤਰ ਵੱਲੋਂ ਬੱਚਤ ਭਵਨ, ਲੁਧਿਆਣਾ ਵਿਖੇ ਲਾਈਫ਼ ਸਰਟੀਫ਼ਿਕੇਟ ਕੈਂਪ ਲਾਇਆ ਗਿਆ।
- ਕ੍ਰਿਕੇਟ ਵਿੱਚ, ਭਾਰਤ ਨੇ ਅੱਜ ਸ਼ਾਮ ਕੁਈਨਜ਼ਲੈਂਡ ਦੇ ਕਰਾਰਾ ਓਵਲ ਵਿਖੇ ਚੌਥੇ twenty - 20 ਅੰਤਰਰਾਸ਼ਟਰੀ ਮੈਚ ਵਿੱਚ ਆਸਟ੍ਰੇਲੀਆ ਉੱਤੇ 48 ਦੌੜਾਂ ਦੀ ਸ਼ਾਨਦਾਰ ਜਿੱਤ ਦਰਜ ਕੀਤੀ।

***ਆਕਾਸ਼ਵਾਣੀ ਤੋਂ ਖਬਰਾਂ ਖਤਮ ਹੋਈਆਂ***

***ਸਾਡਾ ਅਗਲਾ ਰਾਸ਼ਟਰੀ ਬੁਲੇਟਿਨ ਤੁਸੀਂ ਸੁਣੋਗੇ***

***ਸ਼ਾਮ ਸਾਢੇ 7 ਵਜੇ. ਨਮਸ੍ਕਾਰ***